Vigilance Bureau Punjab

**VIGILANCE BUREAU BUSTS FAKE RECRUITMENT SCAM IN PUNJAB POLICE**

· Arrests two police employees for taking Rs. 26,02,926 as bribes from 102 persons

· Court sends accused for two days police remand

Chandigarh, June 12, 2024 – The Punjab Vigilance Bureau (VB), during its ongoing drive against corruption in the state, has busted a fake recruitment scam in Punjab police and arrested two employees of the state police for accepting bribes totalling Rs. 26,02,926 from 102 persons in exchange for jobs of grade-4 employees in the police.

The arrested individuals have been identified as Tarlochan Pal (No. 207/S), posted in the 3rd IRB as a Cleaner (grade-4 worker), residing at Mohalla Begampur in Adampur, district Jalandhar, and co-accused Surinderpal (No. 3B), posted as a Barber (grade-4 worker) at the Punjab Police Academy in Phillaur, a resident of village of Sikri in Nilokheri, district Karnal, Haryana.

Disclosing this here today an official spokesperson of the VB said both the above mentioned accused were arrested following an investigation of a complaint lodged at the Chief Minister's Anti-Corruption Action Line portal by complainant Surinder Singh, a resident of the village of Nanglan, tehsil Garhshankar, district Hoshiarpur.

He informed that both the arrested accused have been produced in a Jalandhar court today on 12.06.2024 and obtained two days police remand. During their custody they would be interrogated in depth to get information on how many other innocent persons were deceived and the total money collected in this recruitment fraud.

The spokesperson further added that during the preliminary investigation of this complaint by the VB Jalandhar range, the charges made by the complainant were found to be accurate, leading to the registration of a fraud case against both the accused.

Providing more details, he added that the investigation revealed that the accused, Tarlochan Pal and his associate Surinderpal, had falsely assured the gullible persons that about 560 grade-4 vacancies were to be filled in the Punjab Police in the coming months. Acting in collusion, they demanded Rs. 25,000 per person to secure the jobs as grade-4 employees in the state police thereby collected huge money from numerous individuals across the state. Consequently, Tarlochanpal received a total of Rs. 18,09,100 as bribes, which were deposited into his various bank accounts. Out of this amount, Tarlochanpal had transferred Rs. 5,45,000 to Surinderpal's HDFC bank account. In addition to this, accused Surinderpal had received Rs. 7,93,826 in his bank account separately.

The spokesperson further informed that during the probe it was found that a total of Rs. 26,02,926 were collected as bribes by both the accused from about 102

persons on the pretext of getting them jobs. Consequently, a case under sections 420 and 120-B of the IPC, and under section 7 of the Prevention of Corruption Act has been registered against both the accused at VB police station Jalandhar range.

He added that accused Surinderpal, during interrogation, has told the VB that he and Tarlochanpal took the said money from job aspirants and gave about Rs 9.00 lakh to two employees posted at Punjab Police Headquarters Chandigarh. He revealed that out of Rs 9.00 lakh, they had returned some money to him after they failed to get recruited the job seekers but the rest of the money was never returned.

He added that during the investigation, the statements of various victims of this fake recruitment scam are being recorded and more affected persons could appear before the Bureau to provide information in this regard.

-------------

# ਵਿਜੀਲੈਂਸ ਬਿਊਰੋ ਪੰਜਾਬ

## ਵਿਜੀਲੈਂਸ ਬਿਊਰੋ ਵੱਲੋਂ ਪੰਜਾਬ ਪੁਲਿਸ ਵਿੱਚ ਫਰਜ਼ੀ ਭਰਤੀ ਘੁਟਾਲੇ ਦਾ ਪਰਦਾਫਾਸ਼

102 ਨੌਜਵਾਨਾਂ ਤੋਂ ਭਰਤੀ ਕਰਵਾਉਣ ਬਦਲੇ 26,02,926 ਰੁਪਏ ਰਿਸ਼ਵਤਾਂ ਲੈਣ ਦੇ ਦੋਸ਼ ਹੇਠ ਦੋ ਪੁਲਿਸ ਕਰਮਚਾਰੀ ਗ੍ਰਿਫ਼ਤਾਰ

ਅਦਾਲਤ ਨੇ ਮੁਲਾਜ਼ਮਾਂ ਨੂੰ ਦੋ ਦਿਨ ਦੇ ਪੁਲਿਸ ਰਿਮਾਂਡ ’ਤੇ ਭੇਜਿਆ

ਚੰਡੀਗੜ੍ਹ, 12 ਜੂਨ, 2024: ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਕਰੀਬ ਪੰਜਾਬ ਪੁਲਿਸ ਵਿੱਚ ਫਰਜ਼ੀ ਭਰਤੀ ਘੁਟਾਲੇ ਦਾ ਪਰਦਾਫਾਸ਼ ਕਰਦਿਆਂ 102 ਨੌਜਵਾਨਾਂ ਨੂੰ ਸੂਬਾ ਪੁਲਿਸ ਵਿੱਚ ਦਰਜਾ-4 ਕਰਮਚਾਰੀਆਂ ਵਜੋਂ ਭਰਤੀ ਕਰਾਉਣ ਦਾ ਝਾਂਸਾ ਦੇ ਕੇ ਕੁੱਲ 26,02,926 ਰੁਪਏ ਦੀਆਂ ਰਿਸ਼ਵਤਾਂ ਲੈਣ ਦੇ ਦੋਸ਼ ਹੇਠ ਪੰਜਾਬ ਪੁਲਿਸ ਦੇ ਦੋ ਹੇਠਲੇ ਮੁਲਾਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤੀਜੀ ਆਈ.ਆਰ.ਬੀ. ਵਿੱਚ ਬਤੌਰ ਕਲੀਨਰ (ਗਰੇਡ-4 ਕਰਮਚਾਰੀ) ਵਜੋਂ ਤਾਇਨਾਤ ਤਰਲੋਚਨ ਪਾਲ (ਨੰ. 207/ਐਸ) ਨਿਵਾਸੀ ਮੁਹੱਲਾ ਬੇਗਮਪੁਰ, ਆਦਮਪੁਰ, ਜ਼ਿਲ੍ਹਾ ਜਲੰਧਰ ਅਤੇ ਪੰਜਾਬ ਪੁਲਿਸ ਅਕੈਡਮੀ ਫਿਲੌਰ ਵਿੱਚ ਨਾਈ (ਗ੍ਰੇਡ-4 ਵਰਕਰ) ਵਜੋਂ ਤਾਇਨਾਤ ਸਹਿ-ਮੁਲਜ਼ਮ ਸੁਰਿੰਦਰਪਾਲ (ਨੰ. 3ਬੀ) ਨਿਵਾਸੀ ਪਿੰਡ ਸੀਕਰੀ, ਨੀਲੋਖੇੜੀ, ਜ਼ਿਲ੍ਹਾ ਕਰਨਾਲ, ਹਰਿਆਣਾ ਦਾ ਰਹਿਣ ਵਾਲੇ ਵਜੋਂ ਹੋਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਵਾਂ ਮੁਲਜ਼ਮਾਂ ਨੂੰ ਪਿੰਡ ਨੰਗਲਾਂ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਦੇ ਵਸਨੀਕ ਸੁਰਿੰਦਰ ਸਿੰਘ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ ’ਤੇ ਦਰਜ ਕਰਵਾਈ ਗਈ ਸ਼ਿਕਾਇਤ ਦੀ ਜਾਂਚ ਉਪਰੰਤ ਗ੍ਰਿਫ਼ਤਾਰ ਕੀਤਾ ਗਿਆ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਵਿਜੀਲੈਂਸ ਬਿਊਰੋ ਜਲੰਧਰ ਰੇਂਜ ਵੱਲੋਂ ਕੀਤੀ ਗਈ ਤਫ਼ਤੀਸ਼ ਦੌਰਾਨ ਸ਼ਿਕਾਇਤਕਰਤਾ ਵੱਲੋਂ ਲਗਾਏ ਗਏ ਦੋਸ਼ ਸਹੀ ਪਾਏ ਗਏ, ਜਿਸ ਕਾਰਨ ਉਕਤ ਦੋਵਾਂ ਮੁਲਜ਼ਮਾਂ ਖ਼ਿਲਾਫ਼ ਮੁਕੱਦਮਾ ਦਰਜ ਕਰ ਲਿਆ ਹੈ।

ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਤਰਲੋਚਨ ਪਾਲ ਅਤੇ ਮੁਲਜ਼ਮ ਸੁਰਿੰਦਰਪਾਲ ਨੂੰ ਅੱਜ ਮਿਤੀ 12.06.2024 ਨੂੰ ਅਦਾਲਤ ਵਿੱਚ ਪੇਸ਼ ਕਰਕੇ ਦੋ ਦਿਨਾਂ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ ਜਿਸ ਦੌਰਾਨ ਇੰਨਾਂ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ ਕਿ ਹੋਰ ਕਿੰਨੇ ਭੋਲੇ-ਭਾਲੇ ਵਿਅਕਤੀਆਂ ਨੂੰ ਦਰਜਾ-4 ਕਰਮਚਾਰੀ ਭਰਤੀ ਕਰਾਉਣ ਦਾ ਝਾਂਸਾ ਦੇ ਕੇ ਠੱਗੀ ਮਾਰੀ ਗਈ ਹੈ ਅਤੇ ਇਸ ਫਰਜੀ ਘਪਲੇ ਵਿੱਚ ਕੁੱਲ ਕਿੰਨੀ ਰਕਮ ਇਕੱਤਰ ਕੀਤੀ ਗਈ।

ਹੋਰ ਜਾਣਕਾਰੀ ਦਿੰਦਿਆਂ ਬੁਲਾਰੇ ਨੇ ਦੱਸਿਆ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਤਰਲੋਚਨ ਪਾਲ ਅਤੇ ਇਸ ਕੰਮ ਵਿੱਚ ਉਸ ਦੇ ਸਾਥੀ ਸੁਰਿੰਦਰਪਾਲ ਨੇ ਭੋਲੇ ਭਾਲੇ ਨੌਜਵਾਨਾਂ ਨੂੰ ਝੂਠਾ ਯਕੀਨ ਦਿਵਾਇਆ ਕਿ ਆਉਣ ਵਾਲੇ ਮਹੀਨਿਆਂ ਦੌਰਾਨ ਪੰਜਾਬ ਪੁਲਿਸ ਵਿੱਚ ਦਰਜਾ-4 ਦੀਆਂ ਲਗਭਗ 560 ਅਸਾਮੀਆਂ ਭਰੀਆਂ ਜਾਣੀਆਂ ਹਨ। ਉਕਤ ਦੋਵਾਂ ਮੁਲਜ਼ਮਾਂ ਨੇ ਆਪਸੀ ਮਿਲੀਭੁਗਤ ਨਾਲ ਪੰਜਾਬ ਪੁਲਿਸ ਵਿੱਚ ਦਰਜਾ-4 ਕਰਮਚਾਰੀਆਂ ਵਜੋਂ ਭਰਤੀ ਕਰਵਾਉਣ ਦਾ ਝੂਠਾ ਲਾਰਾ ਲਾ ਕੇ ਪ੍ਰਤੀ

ਵਿਅਕਤੀ 25,000 ਰਿਸ਼ਵਤ ਦੀ ਮੰਗ ਕੀਤੀ ਅਤੇ ਸੂਬੇ ਭਰ ਵਿੱਚੋਂ ਕਰੀਬ 102 ਵਿਅਕਤੀਆਂ ਤੋਂ ਇਸ ਤਰਾਂ ਪੈਸੇ ਇਕੱਠੇ ਕੀਤੇ।

ਨਤੀਜੇ ਵਜੋਂ, ਤਰਲੋਚਨ ਪਾਲ ਨੂੰ ਕੁੱਲ 18,09,100 ਰੁਪਏ ਰਿਸ਼ਵਤ ਵਜੋਂ ਪ੍ਰਾਪਤ ਹੋਏ, ਜੋ ਕਿ ਉਸਨੇ ਵੱਖ-ਵੱਖ ਬੈਂਕ ਖਾਤਿਆਂ ਵਿੱਚ ਜਮ੍ਹਾ ਕਰਵਾਏ ਗਏ ਅਤੇ ਇਸ ਵਿੱਚੋਂ ਉਸਨੇ 5,45,000 ਰੁਪਏ ਸੁਰਿੰਦਰਪਾਲ ਦੇ ਐਚ.ਡੀ.ਐਫ.ਸੀ. ਬੈਂਕ ਖਾਤੇ ਵਿੱਚ ਤਬਦੀਲ ਕਰ ਦਿੱਤੇ। ਇਸ ਤੋਂ ਇਲਾਵਾ ਸੁਰਿੰਦਰਪਾਲ ਦੇ ਬੈਂਕ ਖਾਤੇ ਵਿੱਚ 7,93,826 ਰੁਪਏ ਰਿਸ਼ਵਤ ਵਜੋਂ ਵੱਖਰੇ ਪ੍ਰਾਪਤ ਹੋਏ ਸਨ। ਤਫਤੀਸ਼ ਦੌਰਾਨ ਪਤਾ ਲੱਗਾ ਹੈ ਕਿ ਦੋਵਾਂ ਮੁਲਜ਼ਮਾਂ ਤਰਲੋਚਨਪਾਲ ਅਤੇ ਸੁਰਿੰਦਰਪਾਲ ਵੱਲੋਂ ਕੁੱਲ 26,02,926 ਰੁਪਏ ਰਿਸ਼ਵਤ ਵਜੋਂ ਲਏ ਗਏ ਸਨ। ਸਿੱਟੇ ਵਜੋਂ, ਦੋਵਾਂ ਮੁਲਜ਼ਮਾਂ ਵਿਰੁੱਧ ਆਈ.ਪੀ.ਸੀ. ਦੀ ਧਾਰਾ 420 ਅਤੇ 120-ਬੀ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਅਧੀਨ ਮਿਤੀ 07/06/2024 ਨੂੰ ਮੁਕੱਦਮਾ ਨੰਬਰ 10 ਦਰਜ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਸੁਰਿੰਦਰਪਾਲ ਨੇ ਪੁੱਛਗਿੱਛ ਦੌਰਾਨ ਵਿਜੀਲੈਂਸ ਬਿਊਰੋ ਕੋਲ ਮੰਨਿਆਂ ਹੈ ਕਿ ਉਸਨੇ ਅਤੇ ਤਰਲੋਚਨਪਾਲ ਨੇ ਭਰਤੀ ਹੋਣ ਵਾਲੇ ਚਾਹਵਾਨ ਵਿਅਕਤੀਆਂ ਤੋਂ ਪੈਸੇ ਲੈ ਕੇ ਕਰੀਬ 9.00 ਲੱਖ ਰੁਪਏ ਪੰਜਾਬ ਪੁਲਿਸ ਹੈਡਕੁਆਟਰ ਚੰਡੀਗੜ੍ਹ ਵਿਖੇ ਤਾਇਨਾਤ ਦੋ ਕਰਮਚਾਰੀਆਂ ਨੂੰ ਦੇ ਦਿੱਤੇ ਸਨ। ਉਸਨੇ ਇਹ ਵੀ ਦੱਸਿਆ ਕਿ ਇਹ ਭਰਤੀ ਨਾ ਹੋਣ ਪਿੱਛੋਂ ਹੈਡਕੁਆਟਰ ਵਿਖੇ ਲੱਗੇ ਦੋਹਾਂ ਮੁਲਾਜ਼ਮਾਂ ਵੱਲੋਂ 9.00 ਲੱਖ ਰੁਪਏ ਵਿੱਚੋਂ ਕੁੱਝ ਪੈਸੇ ਉਨ੍ਹਾਂ ਨੂੰ ਵਾਪਸ ਕਰ ਦਿੱਤੇ ਗਏ ਪਰ ਬਾਕੀ ਦੇ ਪੈਸੇ ਉਨਾਂ ਹੜੱਪ ਲਏ। ਬੁਲਾਰੇ ਨੇ ਦੱਸਿਆ ਕਿ ਤਫਤੀਸ਼ ਦੌਰਾਨ ਸਾਹਮਣੇ ਆਏ ਵੱਖ-ਵੱਖ ਪੀੜਤ ਵਿਅਕਤੀਆਂ ਨੂੰ ਬੁਲਾਕੇ ਉਨ੍ਹਾਂ ਦੇ ਬਿਆਨ ਕਲਮਬੰਦ ਕੀਤੇ ਜਾ ਰਹੇ ਹਨ ਜਿਨਾਂ ਪਾਸੋਂ ਪੈਸੇ ਉਕਤ ਮੁਲਜ਼ਮਾਂ ਨੇ ਰਿਸ਼ਵਤਾਂ ਲਈਆਂ ਸਨ। ਇਸ ਤੋਂ ਇਲਾਵਾ ਹੋਰ ਪੀੜਤ ਵੀ ਅਗਲੇ ਦਿਨਾਂ ਵਿੱਚ ਇੰਨਾਂ ਵੱਲੋਂ ਧੋਖੇ ਨਾਲ ਰਿਸ਼ਵਤਾਂ ਲੈਣ ਬਾਰੇ ਸ਼ਿਕਾਇਤਾਂ ਲੈ ਕੇ ਬਿਊਰੋ ਕੋਲ ਪਹੁੰਚ ਸਕਦੇ ਹਨ।

----------